# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 26-06-2025**

- ਭਾਰਤੀ ਹਵਾਈ ਫੌਜ ਦੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਸਮੇਤ Axiom-4 ਚਾਲਕ ਦਲ ਨੂੰ ਲੈ ਕੇ ਅੱਜ ਸ਼ਾਮ 4 ਵਜੇ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਨਾਲ ਸਫਲਤਾ ਨਾਲ ਜੁੜ ਗਿਆ ਏ
- ਆਮਦਨ ਤੋਂ ਵਧ ਅਸਾਸਿਆਂ ਦੇ ਮਾਮਲੇ 'ਚ ਗਿਰਫਤਾਰ, ਸ਼੍ਰੋਮਣੀ ਅਕਾਲੀ ਦਲ ਦੇ ਨੇਤਾ, ਬਿਕਰਮ ਸਿੰਘ ਮਜੀਠੀਆ, ਨੂੰ ਅੱਜ ਮੋਹਾਲੀ ਦੀ ਇੱਕ ਅਦਾਲਤ ਵਲੋਂ 7 ਦਿਨਾਂ ਦੀ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਏ।
- ਅੱਜ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ ਏ।
- ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਦਾ ਇਤਿਹਾਸਕ ਫੈਸਲਾ; ਪੰਜਾਬ ਦੀ ਸਨਅਤ ਨੂੰ ਵੱਡੀ ਰਾਹਤ, ਕੈਬਨਿਟ ਵੱਲੋਂ ਸਨਅਤੀ ਪਲਾਟ ਤਬਾਦਲਾ ਨੀਤੀ ਮਨਜ਼ੂਰ

- ਮੌਸਮ ਵਿਭਾਗ ਨੇ ਕਿਹਾ ਏ ਕਿ ਮਾਨਸੂਨ ਅਤੇ ਤਿੰਨ ਤੋਂ 4 ਦਿਨਾਂ ‘ਚ ਪੰਜਾਬ, ਤੇ ਹਰਿਆਣਾ ਦੇ ਬਾਕੀ ਰਹਿੰਦੇ ਨੂੰ ਕਵਰ ਕਰ ਲਏਗਾ।

-------------------------------------------------------------------

ਭਾਰਤ ਨੇ ਅੱਜ ਇਤਿਹਾਸ ਰਚ ਦਿਤਾ ਜਦੋਂ ਸਪੇਸਐਕਸ ਡਰੈਗਨ ਪੁਲਾੜ ਵਾਹਨ, ਭਾਰਤੀ ਹਵਾਈ ਫੌਜ ਦੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਸਮੇਤ Axiom-4 ਚਾਲਕ ਦਲ ਨੂੰ ਲੈ ਕੇ ਅੱਜ ਸ਼ਾਮ 4 ਵਜੇ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ (ISS) ਨਾਲ ਜਾ ਕੇ ਜੁੜ ਗਿਆ. ਇਸ ਦੇ ਨਾਲ, ਭਾਰਤ ਕੋਲ 41 ਸਾਲਾਂ ਬਾਅਦ ਪੁਲਾੜ ਵਿੱਚ ਇੱਕ ਪੁਲਾੜ ਯਾਤਰੀ ਏ। ਲਖਨਊ ਵਿੱਚ ਜੰਮੇ ਸ਼ੁਕਲਾ 1984 ਵਿੱਚ ਰਾਕੇਸ਼ ਸ਼ਰਮਾ ਦੀ ਉਡਾਣ ਤੋਂ ਬਾਅਦ ਪੁਲਾੜ ਵਿੱਚ ਜਾਣ ਵਾਲੇ ਦੂਜੇ ਭਾਰਤੀ ਵੀ ਨੇ. ਇਸ ਇਤਿਹਾਸਕ ਮਿਸ਼ਨ ਵਿਚ ਅਮਰੀਕਾ, ਭਾਰਤ, ਪੋਲੈਂਡ ਅਤੇ ਹੰਗਰੀ ਤੋਂ ਚਾਰ ਪੁਲਾੜ ਯਾਤਰੀ ਧਰਤੀ ਦੇ ਹੇਠਲੇ ਗ੍ਰਹਿਪੰਧ (LEO) ਵਿੱਚ 14 ਦਿਨਾਂ ਦੀ ਵਿਗਿਆਨਕ ਮੁਹਿੰਮ ਲਈ ਗਏ ਨੇ.Axiom-4 ਮਿਸ਼ਨ ਸਿਰਫ਼ ਇੱਕ ਵਿਗਿਆਨਕ ਉਪਲਬਧੀ ਹੀ ਨਹੀਂ ਏ ਸਗੋਂ ਇੱਕ ਆਲਮੀ ਤ੍ਕਨੌਲ੍ਜੀ ਮਹਾਸ਼ਕਤੀ ਵਜੋਂ ਭਾਰਤ ਦੇ ਵਧਦੇ ਕੱਦ ਦਾ ਪ੍ਰਮਾਣ ਵੀ ਏ। ਇਹ ਪੁਲਾੜ ਸੰਬੰਧੀ ਕਾਢਾਂ ਦੀ ਅਗਵਾਈ ਕਰਨ, ਸਥਿਰਤਾ ਨੂੰ ਉਤਸ਼ਾਹਿਤ ਕਰਨ ਅਤੇ ਆਲਮੀ ਮਿਸ਼ਨਾਂ ਵਿੱਚ

ਅਰਥਪੂਰਨ ਯੋਗਦਾਨ ਪਾਉਣ ਦੀ ਦੇਸ਼ ਦੀ ਸਮਰੱਥਾ ਨੂੰ ਮਜ਼ਬੂਤ ਕਰਦਾ ਏ। ਸ਼ੁਕਲਾ, ਭੋਜਨ ਅਤੇ ਪੁਲਾੜ ਪੋਸ਼ਣ ਨਾਲ ਸਬੰਧਤ ਮੋਹਰੀ ਪ੍ਰਯੋਗ ਕਰਨਗੇ।

---------------------------------------------------------------

ਵਿਗਿਆਨ ਅਤੇ ਤਕਨਾਲੋਜੀ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਅਤੇ ਐਕਸੀਅਮ-4 ਮਿਸ਼ਨ ਟੀਮ ਨੂੰ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ (ISS) 'ਤੇ ਸਫਲ ਡੌਕਿੰਗ ਲਈ ਵਧਾਈ ਦਿੱਤੀ ਏ। ਮੀਡੀਆ ਨਾਲ ਗੱਲਬਾਤ ਕਰਦਿਆਂ , ਡਾ. ਸਿੰਘ ਨੇ ਕਿਹਾ –

---------------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਨੇਤਾ, ਸ੍ਰੀ ਬਿਕਰਮ ਸਿੰਘ ਮਜੀਠੀਆ, ਜਿਨ੍ਹਾਂ ਨੂੰ ਵਿਜੀਲੈਂਸ ਬਿਊਰੋ ਨੇ ਕੱਲ੍ਹ ਆਮਦਨ ਤੋਂ ਵੱਧ ਅਸਾਸਿਆਂ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਸੀ, ਨੂੰ ਅੱਜ ਮੋਹਾਲੀ ਦੀ ਇੱਕ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਨ੍ਹਾਂ ਨੂੰ 2 ਜੁਲਾਈ, 2025 ਤੱਕ 7 ਦਿਨਾਂ ਦੀ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ। ਪੰਜਾਬ ਵਿਜੀਲੈਂਸ ਬਿਊਰੋ ਨੇ ਕਲ੍ਹ , ਮਜੀਠੀਆ ਦੇ ਵਿਧਾਇਕ ਹੋਣ ਅਤੇ ਸਾਬਕਾ ਪੰਜਾਬ ਸਰਕਾਰ ਵਿੱਚ ਕੈਬਨਿਟ ਅਹੁਦੇ 'ਤੇ ਰਹਿੰਦਿਆਂ, ਕਥਿਤ ਤੌਰ 'ਤੇ ਜੁਟਾਈ ਗਈ 540 ਕਰੋੜ ਰੁਪਏ ਦੀ ਗੈਰ-ਕਾਨੂੰਨੀ ਡ੍ਰਗ ਮਨੀਦੇ ਸੰਬੰਧ ‘ਚ

ਓਹਨਾਂ ਦੀਆਂ ਅੰਮ੍ਰਿਤਸਰ ਅਤੇ ਚੰਡੀਗੜ੍ਹ ਅਧਾਰਿਤ ਰਿਹਾਇਸ਼ਾਂ ‘ਤੇ ਛਾਪੇਮਾਰੀ ਕਰਨ ਤੋਂ ਬਾਅਦ ਗਿਰਫ਼ਤਾਰ ਕਰ ਲਿਆ ਗਿਆ ਸੀ।

------------------------------------------------------------

ਅੱਜ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ ਏ । ਇਹ ਦਿਨ ਨਸ਼ਾ ਮੁਕਤ ਅੰਤਰਰਾਸ਼ਟਰੀ ਸਮਾਜ ਦੇ ਉਦੇਸ਼ ਨੂੰ ਪ੍ਰਾਪਤ ਕਰਨ ਲਈ ਕਾਰਵਾਈ ਅਤੇ ਸਹਿਯੋਗ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੰਦਾ ਏ । ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਸ ਮੌਕੇ ਕਿਹਾ ਏ ਕਿ ਮੋਦੀ ਸਰਕਾਰ ਨਾਰਕੋ-ਕਾਰਟੈਲਾਂ 'ਤੇ ਬੇਰਹਿਮੀ ਨਾਲ ਮਾਰ ਕਰ ਰਹੀ ਏ ਅਤੇ ਹਮਦਰਦੀ ਨਾਲ ਨਸ਼ੇ ਦੀ ਲਤ ਦੇ ਸ਼ਿਕਾਰ ਨੌਜਵਾਨਾਂ ਨੂੰ ਆਮ ਜ਼ਿੰਦਗੀ ਵਿੱਚ ਵਾਪਸ ਲਿਆ ਰਹੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਅੰਤਰਰਾਸ਼ਟਰੀ ਦਿਵਸ 'ਤੇ, ਸ਼੍ਰੀ ਸ਼ਾਹ ਨੇ ਕਿਹਾ, ਨਸ਼ੇ, ਨੌਜਵਾਨਾਂ ਲਈ ਸਭ ਤੋਂ ਵੱਡੀ ਬੀਮਾਰੀ ਨੇ. ਮੰਤਰੀ ਨੇ ਦੇਸ਼ ਦੇ ਸਾਰੇ ਯੋਧਿਆਂ ਅਤੇ ਸਹਿਯੋਗੀਆਂ ਨੂੰ ਨਸ਼ਾ ਮੁਕਤ ਭਾਰਤ ਦੀ ਲੜਾਈ ਵਿੱਚ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਇਸ ਖ਼ਤਰੇ ਪ੍ਰਤੀ ਸਮੁਚੀ ਸਰਕਾਰ ਦੀ ਪਹੁੰਚ ਨਾਲ ਅੱਗੇ ਵਧ ਰਹੀ ਏ ਅਤੇ ਉਮੀਦ ਕੀਤੀ ਕਿ ਇਹ ਦਿਨ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਖ਼ਤਰੇ ਵਿਰੁੱਧ ਸਰਕਾਰ ਦੇ ਅਹਿਦ ਨੂੰ ਹੋਰ ਮਜ਼ਬੂਤ ਕਰੇਗਾ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹੈ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਵਿੱਚ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਨੇ ਅਤੇ ਨਸ਼ਾ ਵੇਚਣ ਜਾਂ ਇਸ ਦੀ ਤਸਕਰੀ ਵਿੱਚ ਸ਼ਾਮਿਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਅੱਜ ਯੁੱਧ ਨਸਿਆਂ ਵਿਰੁੱਧ ਮੁਹਿੰਮ ਬਾਰੇ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਇਹ ਭਰੋਸਾ ਦਿਵਾਇਆ ਕਿ ਕੋਈ ਵੀ ਵਿਅਕਤੀ ਭਾਵੇਂ ਉਹ ਸਿਆਸੀ ਜਾਂ ਪ੍ਰਸ਼ਾਸਨਿਕ ਤੌਰ ਤੇ ਕਿਸੇ ਵੀ ਅਹੁਦੇ ਤੇ ਹੋਵੇ, ਜੇਕਰ ਨਸ਼ਿਆਂ ਦੀ ਤਸਕਰੀ ਜਾਂ ਨਸ਼ੇ ਵੇਚਣ ਵਿੱਚ ਸ਼ਾਮਿਲ ਪਾਇਆ ਗਿਆ ਤਾਂ ਉਸ ਖਿਲਾਫ ਢੁੱਕਵੀਂ ਕਾਰਵਾਈ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਨਸ਼ਾ ਵੇਚਣ ਵਿੱਚ ਲਗੇ ਹਰ ਵਿਅਕਤੀ’ਤੇ ਸ਼ਿਕੰਜਾ ਕੱਸਿਆ ਜਾ ਰਿਹਾ ਜਿਸ ਦੇ ਆਉਂਦੇ ਦਿਨਾਂ ਵਿੱਚ ਹੋਰ ਵੀ ਸਬੂਤ ਮਿਲਣਗੇ। ਇਸ ਪ੍ਰੈਸ ਕਾਨਫਰੰਸ ਦੌਰਾਨ ਹੀ ਮੁੱਖ ਮੰਤਰੀ ਨੇ ਆਮਦਨ ਤੋਂ ਵਧ ਅਸਾਸਿਆਂ ਦੇ ਮਾਮਲੇ ‘ਚ ਗਿਰਫਤਾਰ ਸ਼ਿਰੋਮਣੀ ਅਕਾਲੀ ਦਲ ਦੇ ਨੇਤਾ Bikram Singh Majithia ਦੇ ਸੰਬੰਧ’ਵਹ ਕਿਹਾ ਕਿ ਓਹਨਾਂ ਦੇ ਘਰ ਤੋਂ 29 ਮੋਬਾਈਲ ਫੋਨ, ਅੱਠ ਲੈਪਟਾਪ ਅਤੇ ਹੋਰ ਅਹਿਮ ਸਬੂਤ ਬਰਾਮਦ ਹੋਏ ਨੇ. ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਗ੍ਰਿਫ਼ਤਾਰੀ ਨੇ ਨਸ਼ਿਆਂ ਦੇ ਮੁੱਦੇ 'ਤੇ ਰਵਾਇਤੀ ਸਿਆਸੀ ਪਾਰਟੀਆਂ ਦੀ ਨਾਪਾਕ ਗੰਢਤੁਪ ਦਾ

ਪਰਦਾਫਾਸ਼ ਕੀਤਾ ਏ, ਜਿਨ੍ਹਾਂ ਦੀਆਂ ਕਾਰਵਾਈਆਂ ਨੇ ਪੰਜਾਬ ਨੂੰ ਤਬਾਹ ਕਰ ਦਿੱਤਾ ਏ । ਉਨ੍ਹਾਂ ਚੇਤਾਵਨੀ ਦਿੱਤੀ ਕਿ ਹੋਰ ਵੀ ਵੱਡੀਆਂ ਸਿਆਸੀ ਹਸਤੀਆਂ ਨੂੰ ਜਲਦੀ ਹੀ ਗ੍ਰਿਫ਼ਤਾਰ ਕੀਤਾ ਜਾਵੇਗਾ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਜ਼ਬਤ ਕਰ ਲਈਆਂ ਜਾਣਗੀਆਂ।

---------------------------------------------------------

ਦੂਜੇ ਪਾਸੇ, ਅੱਜ ਜਦੋਂ ਵਿਸ਼ਵ ਪੱਧਰ 'ਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੁੱਧ ਕੌਮਾਂਤਰੀ ਦਿਵਸ ਮਨਾਇਆ ਜਾ ਰਿਹਾ ਏ, ਪੰਜਾਬ ਪੁਲਿਸ ਨੇ ਨਸ਼ਿਆਂ ਵਿਰੁੱਧ ਆਪਣੀ ਅਣਥੱਕ ਲੜਾਈ ਨੂੰ ਜਾਰੀ ਰੱਖਣ ਬਾਰੇ ਦੱਸਿਆ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ ਕਿ ਤਸਕਰਾਂ 'ਤੇ ਕਾਰਵਾਈ ਕਰਨ ਤੋਂ ਲੈ ਕੇ ਸਪਲਾਈ ਚੇਨਾਂ ਨੂੰ ਤੋੜਨ ਅਤੇ ਮੁੜ ਵਸੇਬੇ ਦਾ ਪ੍ਰਬੰਧ ਕਰਨ ਤੱਕ, ਪੰਜਾਬ ਪੁਲਿਸ ਸਾਰੇ ਜ਼ਰੂਰੀ ਕਦਮ ਚੁੱਕ ਰਹੀ ਏ। ਉਨ੍ਹਾਂ ਕਿਹਾ ਕਿ ਯੁੱਧ ਨਸਿਆਂ ਵਿਰੁੱਧ ਮਿਸ਼ਨ ਸਿਰਫ਼ ਇੱਕ ਲਾਗੂ ਕਰਨ ਵਾਲੀ ਮੁਹਿੰਮ ਨਹੀਂ ਏ, ਸਗੋਂ ਇਹ ਇੱਕ ਲੋਕ ਲਹਿਰ ਬਣ ਗਈ ਏ।

---------------------------------------------------------

ਓਧਰ ਪੰਜਾਬ ਭਰ ਵਿਚ ਕਈ ਥਾਵਾਂ 'ਤੇ ਨਸ਼ਿਆਂ ਸੰਬੰਧੀ ਜਾਗਰੂਕਤਾ

ਪ੍ਰੋਗ੍ਰਾਮ ਕਰਾਏ ਗਏ. ਮੋਹਾਲੀ ਵਿੱਚ ਵੀ ਨਸ਼ਿਆਂ ਦੇ ਖ਼ਤਰੇ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਕਈ ਪ੍ਰੋਗਰਾਮ, ਸਾਈਕਲੋਥੌਨ, ਰੈਲੀਆਂ ਕਰਾਈਆਂ ਗਈਆਂ । ਇਸ ਤਹਿਤ ਨਾਰਕੋ ਕੰਟਰੋਲ ਬਿਊਰੋ ਵਿਖੇ ਡਿਪਟੀ ਡਾਇਰੈਕਟਰ ਜਨਰਲ ਸੰਬਿਤ ਮਿਸ਼ਰਾ ਅਤੇ ਵਧੀਕ ਡਾਇਰੈਕਟਰ ਅਮਨਜੀਤ ਸਿੰਘ ਵੱਲੋਂ ਇੱਕ ਐਂਟੀ ਡਰੱਗਜ਼ ਸਾਈਕਲੋਥੌਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਸਾਈਕਲੋਥੌਨ ਵਿਚ BSF, NIA, GST, ਦੇ ਨਾਲ-ਨਾਲ NCB ਸਾਈਕਲਿੰਗ ਗਰੁੱਪ ਸਮੇਤ ਵੱਖ-ਵੱਖ NGO ਅਤੇ ਸਾਈਕਲਿੰਗ ਗਰੁੱਪ ਸ਼ਾਮਲ ਹੋਏ। ਪਠਾਨਕੋਟ'ਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਸਕੱਤਰ-ਕਮ-ਸੀਜੇਐਮ ਰੁਪਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਡਾ. ਸਤਿਆਰਥ ਜਾਂਗਲੀ ਦੀ ਅਗਵਾਈ ਹੇਠ ਨਸ਼ਾ ਛੁਡਾਊ ਕੇਂਦਰ ਪਠਾਨਕੋਟ ਵਿਖੇ ਵਿਸ਼ਵ ਨਸ਼ਾ ਵਿਰੋਧੀ ਅਤੇ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ । ਫ਼ਰੀਦਕੋਟ ਸਿਹਤ ਵਿਭਾਗ ਵੱਲੋਂ ਜਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਦੇ ਸਹਿਯੋਗ ਨਾਲ ਸਥਾਨਕ ਸਿਵਲ ਹਸਪਤਾਲ ਵਿਖੇ ਇਸ ਮੌਕੇ ਜਿਲ੍ਹਾ ਪੱਧਰੀ ਸਮਾਗਮ ਕਰਾਇਆ ਗਿਆ। ਸ਼੍ਰੀ ਮੁਕਤਸਰ ਸਾਹਿਬ 'ਚ ਇਸ ਮੌਕੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਵਿਖੇ ਡਿਪਟੀ ਕਮਿਸ਼ਨਰ ਸ੍ਰੀ ਅਭਿਜੀਤ ਕਪਲਿਸ਼ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ ਦੌਰਾਨ ਜ਼ਿਲ੍ਹੇ 'ਚ 'ਯੁੱਧ ਨਸ਼ਿਆਂ

ਵਿਰੁੱਧ' ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦੀ ਸਮੀਖਿਆ ਕੀਤੀ ਗਈ। ਇਸੇ ਤਰ੍ਹਾਂ ਜਲੰਧਰ ਸਮੇਤ ਸੂਬੇ ਦੇ ਵਖ – ਵਖ ਹਿੱਸਿਆਂ ਤੋਂ ਪੂਰੀ ਸਰਗਰਮੀ ਨਾਲ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਸੰਬੰਧੀ ਗਤੀਵਿਧੀਆਂ ਕਰਾਏ ਜਾਣ ਦੀ ਖਬਰ ਏ ।

----------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਸਨਅਤੀ ਪਲਾਟਾਂ ਨੂੰ ਹਸਪਤਾਲਾਂ, ਹੋਟਲਾਂ, ਸਨਅਤੀ ਪਾਰਕਾਂ ਤੇ ਹੋਰ ਮਨਜ਼ੂਰਸ਼ੁਦਾ ਮੱਦਾਂ ਲਈ ਵਰਤਣ ਦੀ ਇਜਾਜ਼ਤ ਦਿੰਦਿਆਂ ਪੰਜਾਬ ਦੀ ਤਬਾਦਲਾ ਨੀਤੀ ਵਿੱਚ ਅਹਿਮ ਸੋਧਾਂ ਨੂੰ ਪ੍ਰਵਾਨਗੀ ਦੇ ਦਿੱਤੀ ਏ । ਇਸ ਸਬੰਧੀ ਫੈਸਲਾ ਅੱਜ ਚੰਡੀਗੜ ਵਿਖੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਪਹਿਲਾਂ ਤਬਾਦਲਾ ਨੀਤੀ 2008, 2016 ਅਤੇ 2021 ਵਿੱਚ ਲਿਆਂਦੀ ਗਈ ਸੀ। ਹਾਲਾਂਕਿ ਇੰਡਸਟਰੀਅਲ ਐਸੋਸੀਏਸ਼ਨਾਂ ਨੇ 2021 ਵਿੱਚ ਲਿਆਂਦੀ ਨੀਤੀ ਦੀਆਂ ਕੁੱਝ ਪਾਬੰਦੀਆਂ ਵਾਲੀਆਂ ਸ਼ਰਤਾਂ ਉੱਤੇ ਇਤਰਾਜ਼ ਉਠਾਇਆ ਸੀ। ਇਸ ਦੇ ਜਵਾਬ ਵਿੱਚ ਇਕ ਕਮੇਟੀ ਨੇ ਸਨਅਤਕਾਰਾਂ ਦੀਆਂ ਬੇਨਤੀਆਂ ਦੀ ਸਮੀਖਿਆ ਕੀਤੀ ਅਤੇ ਫ੍ਰੀ ਹੋਲਡ ਪਲਾਟਾਂ ਉੱਤੇ ਲਾਗੂ ਹੋਣ ਵਾਲੀਆਂ ਤਬਦੀਲੀਆਂ ਤਜਵੀਜ਼ ਕੀਤੀਆਂ। ਸੋਧੀ ਨੀਤੀ ਮੁਤਾਬਕ ਸਨਅਤੀ ਪਲਾਟ ਦੀ ਰਾਖਵੀਂ

ਕੀਮਤ ਦਾ 12.5 ਫੀਸਦੀ ਤਬਾਦਲਾ ਖ਼ਰਚਾ ਲਾਗੂ ਹੋਵੇਗਾ। ਕੈਬਨਿਟ ਨੇ ਐਮ.ਐਸ.ਐਮ.ਈ. ਡਿਵੈਲਪਮੈਂਟ ਕਾਨੂੰਨ, 2006 ਅਧੀਨ ਐਮ.ਐਸ.ਈ. ਫੈਸਲੀਟੇਸ਼ਨ ਕੌਂਸਲ ਨੇਮ-2021 ਵਿੱਚ ਸੋਧਾਂ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਦੀ ਤਰਜ਼ ਉੱਤੇ ਹੁਣ ਇਕ ਅਜਿਹਾ ਢਾਂਚਾ ਬਣਾਇਆ ਜਾਵੇਗਾ, ਜਿਸ ਨਾਲ ਪੰਜਾਬ ਲੈਂਡ ਰੈਵੇਨਿਊ ਕਾਨੂੰਨ, 1887 ਅਧੀਨ ਭੌਂ ਮਾਲੀਆ ਦੇ ਬਕਾਇਆ ਵਜੋਂ ਅਜਿਹੇ ਐਵਾਰਡਾਂ ਦੀ ਰਿਕਵਰੀ ਛੇਤੀ ਹੋ ਸਕੇ। ਪ੍ਰਸ਼ਾਸਕੀ ਕਾਰਜ ਕੁਸ਼ਲਤਾ ਵਧਾਉਣ ਅਤੇ ਖ਼ਰਚੇ ਘਟਾਉਣ ਲਈ ਕੈਬਨਿਟ ਨੇ ਵਿੱਤ ਵਿਭਾਗ ਅਧੀਨ ਆਉਂਦੇ ਵੱਖ-ਵੱਖ ਡਾਇਰੈਕਟੋਰੇਟਾਂ ਦੇ ਰਲੇਵੇਂ ਨੂੰ ਵੀ ਮਨਜ਼ੂਰੀ ਦੇ ਦਿੱਤੀ ਗਈ ਏ । ਇਸ ਪੁਨਰਗਠਨ ਨਾਲ ਸੂਬੇ ਦੇ ਲਗਪਗ 2.64 ਕਰੋੜ ਰੁਪਏ ਸਾਲਾਨਾ ਬਚਣ ਦੀ ਸੰਭਾਵਨਾ ਹੈ।

--------------------------------------------------

ਭਾਰਤੀ ਮੌਸਮ ਵਿਭਾਗ IMD ਨੇ ਕਿਹਾ ਏ ਕਿ ਮਾਨਸੂਨ ਅਤੇ ਤਿੰਨ ਤੋਂ 4 ਦਿਨਾਂ ‘ਚ ਪੰਜਾਬ, ਤੇ ਹਰਿਆਣਾ ਦੇ ਬਾਕੀ ਰਹਿੰਦੇ ਹਿੱਸਿਆਂ ਅਤੇ ਉੱਤਰੀ ਭਾਰਤ ਨੂੰ ਕਵਰ ਕਰ ਲਏਗਾ. ਆਕਾਸ਼ਵਾਣੀ ਨਾਲ

ਗੱਲਬਾਤ ਕਰਦਿਆਂ ਮੌਸਮ ਵਿਭਾਗ ਦੇ ਸੀਨੀਅਰ ਵਿਗਿਆਨੀ RK JENAMANI ਨੇ ਵਧੇਰੇ ਜਾਣਕਾਰੀ ਦਿੱਤੀ –

**BYTE -** ਅੱਜ ਜਲੰਧਰ ਸਮੇਤ ਸੂਬੇ ਦੇ ਕਈ ਜਿਲਿਆਂ ਵਿਚ ਭਾਰੀ ਬਾਰਿਸ਼ ਹੋਈ ।ਮੌਸਮ ਵਿਭਾਗ ਨੇ 29 ਤੇ 30 ਜੂਨ ਨੂੰ ਵੀ ਕਈ ਥਾਵਾਂ 'ਤੇ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ। ਕਲ੍ਹ ਤੋਂ ਪੈ ਰਹੇ ਮੀਂਹ ਕਾਰਣ ਤਾਪਮਾਨ'ਚ ਗਿਰਾਵਟ ਆਈ ਏ ਭਿਅੰਕਰ ਗਰਮੀ ਤੋਂ ਰਾਹਤ ਮਿਲੀ ਏ.

---

- ਭਾਰਤੀ ਹਵਾਈ ਫੌਜ ਦੇ ਗਰੁੱਪ ਕੈਪਟਨ ਸੁਭਾਂਸ਼ੂ ਸੁਕਲਾ ਸਮੇਤ Axiom-4 ਚਾਲਕ ਦਲ ਨੂੰ ਲੈ ਕੇ ਅੱਜ ਸ਼ਾਮ 4 ਵਜੇ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਨਾਲ ਸਫਲਤਾ ਨਾਲ ਜੁੜ ਗਿਆ ਏ
- ਆਮਦਨ ਤੋਂ ਵਧ ਅਸਾਸਿਆਂ ਦੇ ਮਾਮਲੇ 'ਚ ਗਿਰਫਤਾਰ, ਸ਼੍ਰੋਮਣੀ ਅਕਾਲੀ ਦਲ ਦੇ ਨੇਤਾ, ਬਿਕਰਮ ਸਿੰਘ ਮਜੀਠੀਆ, ਨੂੰ ਅੱਜ ਮੋਹਾਲੀ ਦੀ ਇੱਕ ਅਦਾਲਤ ਵਲੋਂ 7 ਦਿਨਾਂ ਦੀ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਏ ।

- ਅੱਜ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ ਏ।
- ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਦਾ ਇਤਿਹਾਸਕ ਫੈਸਲਾ; ਪੰਜਾਬ ਦੀ ਸਨਅਤ ਨੂੰ ਵੱਡੀ ਰਾਹਤ, ਕੈਬਨਿਟ ਵੱਲੋਂ ਸਨਅਤੀ ਪਲਾਟ ਤਬਾਦਲਾ ਨੀਤੀ ਮਨਜ਼ੂਰ
- ਮੌਸਮ ਵਿਭਾਗ ਨੇ ਕਿਹਾ ਏ ਕਿ ਮਾਨਸੂਨ ਅਤੇ ਤਿੰਨ ਤੋਂ 4 ਦਿਨਾਂ 'ਚ ਪੰਜਾਬ, ਤੇ ਹਰਿਆਣਾ ਦੇ ਬਾਕੀ ਰਹਿੰਦੇ ਨੂੰ ਕਵਰ ਕਰ ਲਏਗਾ।